**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਭੁਪਿੰਦਰ ਪੁੰਜ਼, 9915235055
ਪਿੰਡ ਲੁਥਰਾ, ਜਿਲਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3776 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਭੁਪਿੰਦਰ ਪੁੰਜ਼ ਹਾਜ਼ਰ ਹੋਇਆ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸਾਮ ਲਾਲ, ਏ.ਟੀ.ਓ. ( 9914223294)।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-06-2019 , ਲੋਕ ਸੂਚਨਾ ਅਧਿਕਾਰੀ ਦਫਤਰਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਟਰੱਕਾਂ ਦੇ ਵਜ਼ਨ ਨਾਲ ਸਬੰਧਤ 09 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮਲਤੱਵੀ ਕਰਕੇ ਮਿਤੀ 06-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਭੁਪਿੰਦਰ ਪੁੰਜ਼ ਹਾਜ਼ਰ ਹੋਇਆ, ਉਸ ਵਲੋ ਦਸਿਆ ਗਿਆ ਕਿ ਉੱਤਰਦਾਤਾ ਵਲੋ ਅੱਜੇ ਤੱਕ ਮੰਗੀ ਗਈ ਸਹੀ ਸੂਚਨਾ ਨਹੀਂ ਭੇਜੀ ਗਈ ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸਾਮ ਲਾਲ, ਏ.ਟੀ.ਓ. ਹਾਜ਼ਰ ਹੋਇਆ। ਉਸ ਵਲੋਂ ਪੱਤਰ ਨੰ: 1643/ਏਟੀ.ਓ./ਆਰ.ਟੀ.ਆਈ/19-20/9082 ਮਿਤੀ 22-12-2019 ਪੇਸ਼ ਕੀਤਾ ਗਿਆ ਜ਼ੋ ਕਿ ਅਪੀਲਕਰਤਾ ਨੂੰ ਸੰਬੋਧਤ ਹੈ ਅਤੇ ਉੱਤਾਰਾ ਕਮਿਸ਼ਨ ਨੂੰ ਕੀਤਾ ਗਿਆ ਹੈ। ਪੱਤਰ ਮਿਸਲ ਤੇ ਉਪਲਬਧ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋ ਪੇਸ਼ ਕੀਤੀ ਗਏ ਉਕੱਤ ਪੱਤਰ ਮਿਤੀ 22-12-2019 ਰਾਹੀਂ ਅਪੀਲਕਰਤਾ ਨੂੰ ਲਿਖਿਆ ਗਿਆ ਕਿ ਜਿਸ ਫਾਰਮੇਟ ਵਿਚ ਸੂਚਨਾ ਦੀ ਮੰਗ ਕੀਤੀ ਗਈ ਹੈ, ਇਸ ਫਾਰਮੇਟ ਵਿਚ ਉਨ੍ਹਾਂ ਦੇ ਦਫਤਰ ਵਿਚ ਸੂਚਨਾ ਤਿਆਰ ਨਹੀਂ ਕੀਤੀ ਜਾਂਦੀ ਜ਼ੋ ਵੱਖ ਵੱਖ ਸਾਧਨਾ ਤੋਂ ਕਰੀਏਟ ਕੀਤੀ ਜਾਣੀ ਹੈ ਅਤੇ ਉਤਪੰਨ ਹੋ ਜਾਵੇਗੀ ਜਦੋਂ ਕਿ ਆਰ.ਟੀ.ਆਈ. ਨਿਯਮਾਂ ਮੁਤਾਬਿਕ ਵਰਜਤ ਹੈ ਅਤੇ ਇਹ ਇਕ ਵੋਲੂਮਨਿਸ ਸੂਚਨਾ ਹੈ, ਇਸ ਲਈ ਦਫਤਰ ਸੂਚਨਾ ਦੇਣ ਵਿਚ ਅਸਮਰਥ ਹੈ। ਅਪੀਲਕਰਤਾ ਵਲੋਂ ਦਿੱਤੀਆਂ ਦਲੀਲਾਂ ਅਤੇ ਭੇਜੀ ਗਈ ਸੂਚਨਾ ਨੂੰ ਘੋਖਣ ਤੇ ਪਾਇਆ ਗਿਆ ਕਿ ਅਪੀਲਕਰਤਾ ਵਲੋਂ ਫਾਰਮੇਟ ਵਿਚ ਸੂਚਨਾ ਨਹੀਂ ਮੰਗੀ ਗਈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਮੰਗੀ ਗਈ ਸਹੀ ਸੂਚਨਾ ਮੁਹੲੀਆ ਕਰਵਾਈ ਜਾਵੇ ਅਤੇ ਉੱਤਰ/ਸੂਚਨਾ ਨੁਕਤਾਵਾਰ ਮੁਹੲੀਆ ਕਰਵਾਈ ਜਾਵੇ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 28-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 06 ਜਨਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਭੁਪਿੰਦਰ ਪੁੰਜ਼, 9915235055
ਪਿੰਡ ਲੁਥਰਾ, ਜਿਲਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3777 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਭੁਪਿੰਦਰ ਪੁੰਜ਼ ਹਾਜ਼ਰ ਹੋਇਆ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀ ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-06-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਜਲੰਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਟਰੱਕਾਂ ਦੇ ਵਜ਼ਨ ਨਾਲ ਸਬੰਧਤ 09 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 5-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮਲਤੱਵੀ ਕਰਕੇ ਮਿਤੀ 06-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਭੁਪਿੰਦਰ ਪੁੰਜ਼ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀ਼ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ ਵਲੋਂ ਅੱਜ ਪੇਸ਼ੀ ਤੇ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਗਈ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 28-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 06 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਭੁਪਿੰਦਰ ਪੁੰਜ਼, 9915235055
ਪਿੰਡ ਲੁਥਰਾ, ਜਿਲਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3778 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਭੁਪਿੰਦਰ ਪੁੰਜ਼ ਹਾਜ਼ਰ ਹੋਇਆ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਪ੍ਰੀਤ ਸਿੰਘ, ਐਡਵੋਕੇਟ (9417607444) ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-6-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਟਰੱਕਾਂ ਦੇ ਵਜ਼ਨ ਨਾਲ ਸਬੰਧਤ 09 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 5-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮਲਤੱਵੀ ਕਰਕੇ ਮਿਤੀ 06-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਭੁਪਿੰਦਰ ਪੁੰਜ਼ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀ਼ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਪ੍ਰੀਤ ਸਿੰਘ, ਐਡਵੋਕੇਟ ਪੇਸ਼ ਹੋਏ ਉਨ੍ਹਾਂ ਵਲੋਂ ਆਪਣਾ ਅਥਾਰਟੀ ਲੈਟਰ ਪੇਸ਼ ਕੀਤਾ ਗਿਆ ਜ਼ੋ ਮਿਸਲ ਤੇ ਰੱਖ ਲਿਆ ਗਿਆ ਹੈ। ਉਸ ਵਲੋਂ ਦਸਿਆ ਗਿਆ ਕਿ ਸਬੰਧਤ ਅਧਿਕਾਰੀ ਵਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਹੋਈ ਹੈ। ਇਸ ਸਬੰਧ ਵਿਚ ਕਮਿਸ਼ਨ ਨੂੰ ਈ.ਮੇਲ ਰਾਹੀਂ ਸੂਚਿਤ ਕੀਤਾ ਜਾ ਚੁੱਕਾ ਹੈ।

4. ਅਪੀਲਕਰਤਾ ਨੇ ਕਿਹਾ ਕਿ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ ।ਉੱਤਰਦਾਤਾ ਵਲੋਂ ਇਸ ਸਬੰਧ ਵਿਚ ਜ਼ੋ ਈ.ਮੇਲ ਰਾਹੀਂ ਪੱਤਰ ਨੰ: 2451 ਮਿਤੀ 03-01-2020 ਪ੍ਰਾਪਤ ਹੋਇਆ ਹੈ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਮਿਸਲ ਤੇ ਉਪਲਭਧ ਹੈ। ਇਸ ਪੱਤਰ ਰਾਹੀਂ ਦਸਿਆ ਗਿਆ ਕਿ ਬਿਨੈ ਪੱਤਰ ਨਾਲ ਕੋਈ ਰਜਿਸਟਰਡ ਲਿਫਾਫਾ ਨਹੀਂ, ਅਰਜੀ ਪ੍ਰੋਫਾਰਮੇ ਵਿਚ ਨਹੀਂ, ਅਤੇ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਨੂੰ ਸੂਚਨਾ ਭੇਜ਼ੀ ਜਾ ਚੁੱਕੀ ਹੈ ਪਰ ਮਿਤੀ ਖਾਲੀ ਹੈ, ਇਸ ਦੇ ਨਾਲ ਹੀ ਦਸਿਆ ਗਿਆ ਕਿ ਸੂਚਨਾ ਕਰੀਏਟ ਕਰਨ ਵਾਲੀ ਹੈ। ਇਸ ਤੋਂ ਇਲਾਵਾ ਲਿਖਿਆ ਗਿਆ ਕਿ ਅਪੀਲਕਰਤਾ ਸਮੇ ਸਮੇ ਤੇ ਟਰਾਂਸਪੋਰਟ ਮਹਿਕਮਿਆਂ ਵਿਚ ਆਰ.ਟੀ.ਆਈ. ਪਾ ਕੇ ਦਫਤਰਾਂ ਨੂੰ ਖੱਜਲ ਖੁਆਰੀ ਕਰਦਾ ਹੈ, ਕਿਧਰੇ ਵੀ ਲੋਕ ਹਿੱਤ ਨਹੀਂ ਹੈ। ਇਸ ਸਬੰਧ ਵਿਚ ਮਾਨਯੋਗ ਸੁਪਰੀਮ ਕੋਰਟ ਦੇ ਤਾਜਾ ਫੈਸਲੇ (ਰਿਟ ਪਟੀਸ਼ਨ ਨੰ: ਡਬਲਿਯੂ ਪੀ-436/2018 ਅੰਜਲੀ ਭਾਰਦਵਾਜ ਬਨਾਮ ਭਾਰਤ ਸਰਕਾਰ ਵਿਚ ਮਿਤੀ 16/12-2019 ਦਾ ਹਵਾਲਾ ਦਿੰਦੇ ਹੋਏ ਅਤੇ ਮਾਣਯੋਗ ਕੇਂਦਰੀ ਸੂਚਨਾ ਕਮਿਸ਼ਨ ਦੇ ਫੈਸਲੇ ਮਿਤੀ 17-09-2014 ਦਾ ਹਵਾਲਾ ਦਿੰਦੇ ਹੋਏ ਕੇਸ ਨੂੰ ਡਿਸਪੋਜ਼ ਆਫ ਕਰਨ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਵਲੋਂ ਪੇਸ਼ ਨੁਮਾਇੰਦੇ ਨੂੰ ਮੰਨਿਆ ਨਹੀਂ ਜਾ ਸਕਦਾ ਕਿਉਂਕਿ ਉਸ ਕੋਲ ਵਕਾਲਤਨਾਮਾ ਨਹੀਂ ਹੈ, ਸਧਾਰਨ ਪੱਤਰ ਹੈ ਜਿਸ ਤੇ ਕਿਸੇ ਅਧਿਕਾਰੀ ਦਾ ਫੋਨ ਨੰਬਰ ਅਤੇ ਪੂਰਾ ਵੇਰਵਾ ਨਹੀਂ। ਇਸ ਤਰ੍ਹਾਂ ਦਫਤਰ ਵਲੋਂ ਬਾਹਰਲੇ ਬੰਦੇ ਨੂੰ ਨਿਯੁਕਤ ਨਹੀਂ ਕੀਤਾ ਜਾ ਸਕਦਾ।। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਸਹੀ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 28-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 06 ਜਨਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਭੁਪਿੰਦਰ ਪੁੰਜ਼, 9915235055
ਪਿੰਡ ਲੁਥਰਾ, ਜਿਲਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਪਠਾਨਕੋਟ।

ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3779 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਭੁਪਿੰਦਰ ਪੁੰਜ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-6-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਪਠਾਨਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਟਰੱਕਾਂ ਦੇ ਵਜ਼ਨ ਨਾਲ ਸਬੰਧਤ 09 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 5-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮਲਤੱਵੀ ਕਰਕੇ ਮਿਤੀ 06-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਭੁਪਿੰਦਰ ਪੁੰਜ਼ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀ਼ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ ਵਲੋਂ ਅੱਜ ਪੇਸ਼ੀ ਤੇ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਗਈ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 28-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 06 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਭੁਪਿੰਦਰ ਪੁੰਜ਼, 9915235055
ਪਿੰਡ ਲੁਥਰਾ, ਜਿਲਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ।

ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3780 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਭੁਪਿੰਦਰ ਪੁੰਜ਼ ਹਾਜ਼ਰ ਹੋਇਆ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਪ੍ਰੀਤ ਸਿੰਘ, ਐਡਵੋਕੇਟ (9417607444) ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-6-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਟਰੱਕਾਂ ਦੇ ਵਜ਼ਨ ਨਾਲ ਸਬੰਧਤ 09 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 5-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮਲਤੱਵੀ ਕਰਕੇ ਮਿਤੀ 06-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਭੁਪਿੰਦਰ ਪੁੰਜ਼ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸਹੀ ਸੂਚਨਾ ਮੁਹੱਈਆ ਨਹੀ਼ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਪ੍ਰੀਤ ਸਿੰਘ, ਐਡਵੋਕੇਟ ਪੇਸ਼ ਹੋਏ ਉਨ੍ਹਾਂ ਵਲੋਂ ਆਪਣਾ ਅਥਾਰਟੀ ਲੈਟਰ ਪੇਸ਼ ਕੀਤਾ ਗਿਆ ਜ਼ੋ ਮਿਸਲ ਤੇ ਰੱਖ ਲਿਆ ਗਿਆ ਹੈ। ਉਸ ਵਲੋਂ ਦਸਿਆ ਗਿਆ ਕਿ ਸਬੰਧਤ ਅਧਿਕਾਰੀ ਵਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਹੋਈ ਹੈ। ਇਸ ਸਬੰਧ ਵਿਚ ਕਮਿਸ਼ਨ ਨੂੰ ਈ.ਮੇਲ ਰਾਹੀਂ ਸੂਚਿਤ ਕੀਤਾ ਜਾ ਚੁੱਕਾ ਹੈ।

4. ਅਪੀਲਕਰਤਾ ਨੇ ਕਿਹਾ ਕਿ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ । ਉੱਤਰਦਾਤਾ ਵਲੋਂ ਇਸ ਸਬੰਧ ਵਿਚ ਜ਼ੋ ਈ.ਮੇਲ ਰਾਹੀਂ ਪੱਤਰ ਨੰ: 4332 ਮਿਤੀ 09-12-2020 ਪ੍ਰਾਪਤ ਹੋਇਆ ਹੈ ਕਮਿਸ਼ਨ ਨੂੰ ਸੰਬੋਧਤ ਹੈ ਮਿਸਲ ਤੇ ਉਪਲਬਧ ਹੈ। ਇਸ ਪੱਤਰ ਰਾਹੀਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪੱਤਰ ਮਿਤੀ 11-07-2019 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ ਇਸ ਦੇ ਨਾਲ ਹੀ ਦਸਿਆ ਗਿਆ ਕਿ ਸੂਚਨਾ ਕਰੀਏਟ ਕਰਨ ਵਾਲੀ ਹੈ। ਇਸ ਤੋਂ ਇਲਾਵਾ ਲਿਖਿਆ ਗਿਆ ਕਿ ਅਪੀਲਕਰਤਾ ਸਮੇ ਸਮੇ ਤੇ ਟਰਾਂਸਪੋਰਟ ਮਹਿਕਮਿਆਂ ਵਿਚ ਆਰ.ਟੀ.ਆਈ. ਪਾ ਕੇ ਦਫਤਰਾਂ ਨੂੰ ਪ੍ਰੇਸ਼ਾਨ ਕਰਦਾ ਹੈ, ਕੋਈ ਜਨਹਿੱਤ ਨਹੀਂ ਹੈ ਇਸ ਕੇਸ ਨੂੰ ਡਿਸਪੋਜ਼ ਆਫ ਕਰਨ ਲਈ ਬੇਨਤੀ ਕੀਤੀ ਗਈ ਹੈ। ਅਤੇ ਅਪੀਲਕਰਤਾ ਨੂੰ ਫਰੈਸ਼ ਸਪੈਸਿਫਕ ਸੂਚਨਾ ਦੀ ਮੰਗ ਕਰਨ ਜਾਂ ਦਫਤਰ ਕੰਮਕਾਜ ਵਾਲੇ ਦਿਨ ਅਗੇਤੀ ਸੂਚਨਾ ਦੇ ਕੇ ਰਿਕਾਰਡ ਇੰਸਪੈਕਸ਼ਨ ਕਰਨ ਲਈ ਹਦਾਇਤ ਕਰਨ ਲਈ ਲਿਖਿਆ ਗਿਆ ਹੈ। ਉੱਤਰਦਾਤਾ ਵਲੋਂ ਪੇਸ਼ ਨੁਮਾਇੰਦੇ ਨੂੰ ਮੰਨਿਆ ਨਹੀਂ ਜਾ ਸਕਦਾ ਕਿਉਂਕਿ ਉਸ ਕੋਲ ਵਕਾਲਤਨਾਮਾ ਨਹੀਂ ਹੈ, ਸਧਾਰਨ ਪੱਤਰ ਹੈ ਜਿਸ ਤੇ ਕਿਸੇ ਅਧਿਕਾਰੀ ਦਾ ਫੋਨ ਨੰਬਰ ਅਤੇ ਪੂਰਾ ਵੇਰਵਾ ਨਹੀਂ। ਇਸ ਤਰ੍ਹਾਂ ਦਫਤਰ ਵਲੋਂ ਬਾਹਰਲੇ ਬੰਦੇ ਨੂੰ ਨਿਯੁਕਤ ਨਹੀਂ ਕੀਤਾ ਜਾ ਸਕਦਾ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਸਹੀ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 28-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 06 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰੋਹੀਤ ਸਭਰਵਾਲ,
ਪ੍ਰਧਾਨ, ਕੁੰਦਨ ਭਵਨ 126 ਮੋਡਲ ਗਰਾਂਮ, ਲੁਧਿਆਣਾ। ----ਅਪੀਲਕਰਤਾ

ਲੋਕ ਸੂਚਨਾ ਅਫਸਰ
ਦਫਤਰ ਐਮ.ਸੀ. ਜੋਨ ਏ (ਹੈਡ ਕੁਆਰਟਰ)
ਮਾਤਾ ਰਾਣੀ ਚੌਕ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਐਮ.ਸੀ. ਲੁਧਿਆਣਾ। -----ਉੱਤਰਦਾਤਾ

**ਅਪੀਲ ਕੇਸ ਨੰ:3793 ਆਫ 2019**

**ਹਾਜ਼ਰ**

1) ਅਪੀਲਕਰਤਾ ਵਲੋਂ ਮੈਡਮ ਸੁਖਜਿੰਦਰ ਕੋਰ, ਐਡਵੋਕੇਟ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀ ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-6-2019, ਲੋਕ ਸੂਚਨਾ ਅਧਿਕਾਰੀ ਦਫਤਰ ਐਮ.ਸੀ. ਜੋਨ ਏ (ਹੈਡ ਕੁਆਰਟਰ) ਮਾਤਾ ਰਾਣੀ ਚੌਕ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੋਸਾਇਟੀ ਸਿਨੇਮਾ ਦੇ ਨਾਲ ਲਗਦੇ ਗੰਦੇਪਾਣੀ ਦੇ ਨਾਲੇ ਦੀ ਜਮੀਨ ਨੂੰ ਲੀਜ਼ ਤੇ ਦੇਣ ਨਾਲ ਸਬੰਧਤ 10 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਮਿਤੀ 22-08-2019 ਨੂੰ ਦੇ ਦਿੱਤੀ ਗਈ ਪਰ ਉਸ ਨੇ ਮਿਤੀ 11-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 5-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮਲਤੱਵੀ ਕਰਕੇ ਮਿਤੀ 06-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਮੈਡਮ ਸੁਖਜਿੰਦਰ ਕੋਰ, ਐਡਵੋਕੇਟ ਹਾਜ਼ਰ ਹੋਈ, ਉਸ ਵਲੋਂ ਦਸਿਆ ਗਿਆ ਕਿ ਉਨ੍ਹਾਂ ਨੂੰ ਅਜੇ ਤੱਕ ਮੰਗ ਗਈ ਸਹੀ ਸੂਚਨਾ ਮੁਹੱਈਆ ਨਹੀ਼ ਕਰਵਾਈ ਗਈ

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ ਵਲੋਂ ਅੱਜ ਪੇਸ਼ੀ ਤੇ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਗਈ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 03-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 06 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਹਰੀਸ਼ ਚੰਦਰ ਗੋਇਲ, 9803523535
ਆਯਰੁਵੈਦਿਕ ਸਟੋਰ, ਚੌਨਾ ਬਜ਼ਾਰ, ਜੈਤੋ ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਅਗਜੈਮੀਨੇਸ਼ਨ ਕੰਟਰੋਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ।

------ਉੱਤਰਦਾਤਾ

**ਅਪੀਲ ਕੇਸ ਨੰ:3781 ਆਫ 2019**

**ਹਾਜ਼ਰ**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ (9417032936)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-09-2019 , ਲੋਕ ਸੂਚਨਾ ਅਧਿਕਾਰੀ ਅਗਜੈਮੀਨੇਸ਼ਨ ਕੰਟਰੋਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੇ ਬੇਟੇ ਆਰੀਅਨ ਗੋਇਲ ਰੋਲ ਨੰ: 17141886560 ਕਲਾਸ ਬੀ.ਏ.,ਐਲ.ਐਲ.ਬੀ. ਫਸਟ ਈਅਰ ਸਮੈਸਟਰ ਪੇਪਰ ਕੋਡ 201 ਲਾ ਆਫ ਕੰਟਰੈਕਟ 1 ਅਤੇ ਕੋਡ 205 ਲੀਗਲ ਇਕਨੋਕਿਮਸ ਨਾਲ ਸਬੰਧਤ 04 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-09-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 5-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮਲਤੱਵੀ ਕਰਕੇ ਮਿਤੀ 06-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਪਹਿਲਾਂ ਹੀ ਪੱਤਰ ਨੰ: 796/ਆਰ.ਟੀ.ਆਈ. ਮਿਤੀ 10-09-2019 ਰਾਹੀਂ ਭੇਜੀ ਜਾ ਚੁੱਕੀ ਹੈ ਅਤੇ ਇਸ ਸਬੰਧ ਵਿਚ ਪੱਤਰ ਨੰ: 927/ਆਰ.ਟੀ.ਆਈ. ਮਿਤੀ 23-12-2019 ਰਾਹੀਂ ਕਮਿਸ਼ਨ ਅਤੇ ਅਪੀਲਕਰਤਾ ਨੂੰ ਵੀ ਸੂਚਿਤ ਕੀਤਾ ਜਾ ਚੁੱਕਾ ਹੈ ਪੱਤਰ ਦੀ ਕਾਪੀ ਮਿਸਲ ਤੇ ਉਪਲਭਧ ਹੈ।

4. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰ ਉੱਤਰਦਾਤਾ ਵਲੋਂ ਪੇਸ਼ ਕੀਤੀ ਗਈ ਦਲੀਲ ਅਤੇ ਪ੍ਰਾਪਤ ਉਕਤ ਪੱਤਰ ਮਿਤੀ 23-12-2019 ਅਨੁਸਾਰ ਵਿਸਥਾਰਪੂਰਵ ਦਿੱਤੀ ਗਈ ਸੂਚਨਾ ਦਾ ਵੇਰਵਾ ਦੇਣ ਦੇ ਨਾਲ ਨਾਲ ਅਪੀਲਕਰਤਾ ਨੂੰ ਲੇਟ ਦਿੱਤੀ ਗਈ ਸੂਚਨਾ ਸਬੰਧੀ ਵੀ ਆਪਣਾ ਸਪਸ਼ਟੀਕਰਨ ਦਿੱਤਾ ਗਿਆ ਹੈ। ਇਸ ਤਰ੍ਹਾਂ ਕਮਿਸ਼ਨ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਤੋ ਸੰਤੁਸ਼ਟ ਹੈ, ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 06 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਅਨੀਲ ਖੰਨਾ 8196811008
1135/ਟੀ-13 ਗਰਡਨ ਸਟਰੀਟ ਕਟੜਾ ਮੋਤੀ ਰਾਮ, ਅੰਮ੍ਰਿਤਸਰ ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ
ਦਫਤਰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ

ਪਹਿਲੀ ਅਪੀਲੀ ਅਥਾਰਟੀ,
ਦਫਤਰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ

**ਅਪੀਲ ਕੇਸ ਨੰ: 3740 ਆਫ 2019**

**ਹਾਜ਼ਰ**

1) ਅਪੀਲਕਰਤਾ ਵਲੋਂ ਸ੍ਰੀ ਸੁਨੀਲ ਖੰਨਾ
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ (9417032936)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-05-2019 , ਲੋਕ ਸੂਚਨਾ ਅਧਿਕਾਰੀ ਦਫਤਰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਰਿਟਾਇਰਮੈਂਟ ਬੈਨਿਫਿਟਜ਼ ਨਾਲ ਸਬੰਧਤ 10 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।ਜੋ ਕਿ ਬਾਅਦ ਵਿਚ ਮਲਤੱਵੀ ਕਰਕੇ ਮਿਤੀ 06-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਸ੍ਰੀ ਸੁਨੀਲ ਖੰਨਾ ਨੂੰ ਕੇਸ ਦੀ ਪੈਰਵੀ ਕਰਨ ਲਈ ਅਥਾਰਟੀ ਲੈਟਰ ਦਿੱਤਾ ਗਿਆ ਜ਼ੋ ਕਿ ਉਸ ਵਲੋਂ ਕਮਿਸ਼ਨ ਨੂੰ ਪੇਸ਼ੀ ਦੋਰਾਨ ਪੇਸ਼ ਕੀਤਾ ਗਿਆ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਦੇ ਨੁਮਾਇੰਦੇ ਵਲੋਂ ਦਸਿਆ ਗਿਆ ਕਿ ਅਜੇ ਤੱਕ ਜਾਂਣਕਾਰੀ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ ਵਲੋਂ ਅਥਾਰਟੀ ਲੈਟਰ ਪੇਸ ਕੀਤਾ ਗਿਆ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਪਹਿਲਾਂ ਹੀ ਪੱਤਰ ਨੰ: ਆਰ.ਟੀ.ਆਈ. ਐਫ.ਏਏ./171/2019 ਮਿਤੀ 5-8-2019 ਰਾਹੀਂ ਭੇਜੀ ਹੋਈ ਹੈ। ਪੱਤਰ ਦੀ ਕਾਪੀ ਪੇਸ਼ ਕੀਤੀ ਗਈ ਜ਼ੋ ਕਿ ਮਿਸਲ ਤੇ ਰੱਖ ਲਈ ਗਈ ਹੈ।

4. ਦੋਨਾਂ ਧਿਰਾਂ ਵਲੋਂ ਪੇਸ਼ ਕੀਤੀਆਂ ਗਈਆਂ ਦਲੀਲਾਂ ਅਤੇ ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ ਅਨੁਸਾਰ ਅਪੀਲਕਰਤਾ ਨੂੰ ਪਹਿਲਾਂ ਹੀ ਸਪੀਡ ਪੋਸਟ ਰਾਹੀਂ ਸੂਚਨਾ ਭੇਜੀ ਹੋਈ ਹੈ। ਪਰ ਅਪੀਲਕਰਤਾ ਦੇ ਨੁਮਾਇੰਦੇ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਕਮਿਸ਼ਨ ਵਲੋਂ ਹਦਾਇਤ ਕਰਨ ਤੇ ਉੱਤਰਦਾਤਾ ਦੇ ਨੁਮਾਇੰਦੇ ਸ੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ ਵਲੋਂ ਭੇਜੀ ਗਈ ਸੂਚਨਾ ਪੱਤਰ ਮਿਤੀ 5-8-2019 ਦੀ ਕਾਪੀ ਸਰਟੀਫਾਈ ਕਰਕੇ ਕਮਿਸ਼ਨ ਦੇ ਸਾਹਮਣੇ ਅਪੀਲਕਰਤਾ ਦੇ ਨੁਮਾਇੰਦੇ ਨੂੰ ਰਸੀਦ ਪ੍ਰਾਪਤ ਕਰਕੇ ਦੇ ਦਿੱਤੀ ਗਈ ਹੈ। ਇਸ ਤਰ੍ਹਾਂ ਕਮਿਸ਼ਨ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਤੋ ਸੰਤੁਸ਼ਟ ਹੈ, ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 06 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਸੁਰਿੰਦਰ ਪਾਲ ਅਰੋੜਾ, 94633-40714
ਰਿਟਾਇਰਡ ਸਹਾਇਕ ਰਜਿਸਟਰਾਰ,3766 ਗੱਲੀ ਕਲਕੱਤਿਆਂ ਵਾਲੀ
ਬਜ਼ਾਰ ਬੜੀਆਂ ਵਾਲਾ ਕਟੜਾ ਸੁਫੈਦ, ਅੰਮ੍ਰਿਤਸਰ ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਰਜਿਸਟਰਾਰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ

ਪਹਿਲੀ ਅਪੀਲੀ ਅਥਾਰਟੀ,
ਵਾਇਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ। ----ਉੱਤਰਦਾਤਾ

**ਅਪੀਲ ਕੇਸ ਨੰ:3741 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਸੁਰਿੰਦਰ ਪਾਲ ਅਰੋੜਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸ੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ (9417032936)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-02-2019, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਯੂਨੀਵਰਸਿਟੀ ਵਲੋਂ ਪਹਿਲਾਂ ਦਿੱਤੀ ਜਾਣਕਾਰੀ ਅਨੁਸਾਰ ਦਸੀਆਂ ਗਈਆਂ ਫਾਈਲਾਂ ਦੀ ਤਾਜਾ ਸਥਿਤੀ, ਐਕਸ਼ਨ ਟੇਕਨ ਰਿਪੋਰਟ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਲੋਕ ਸੂਚਨਾ ਅਫਸਰ ਵਲੋਂ ਪੱਤਰ ਮਿਤੀ 30-08-2019 ਰਾਹੀਂ ਸੂਚਨਾ ਦਿੱਤੀ ਗਈ ਉਸ ਉਪਰੰਤ ਉਸ ਨੇ ਮਿਤੀ 09-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮਲਤੱਵੀ ਕਰਕੇ ਮਿਤੀ 06-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਸੁਰਿੰਦਰ ਪਾਲ ਅਰੋੜਾ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂ ਅਜੇ ਤੱਕ ਸਹੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਪਹਿਲਾਂ ਹੀ ਪੱਤਰ ਨੰ: 723/ਆਰ.ਟੀ.ਆਈ. ਮਿਤੀ 30-08-2019 ਰਾਹੀਂ ਮੁਹੱਈਆ ਕਰਵਾਈ ਜਾ ਚੁੱਕੀ ਹੈ।ਪੱਤਰ ਮਿਸਲ ਤੇ ਉਪਲਭਧ ਹੈ।

4. ਦੋਨਾਂ ਧਿਰਾਂ ਵਲੋਂ ਦਿਤੀਆਂ ਗਈਆਂ ਦਲੀਲਾਂ ਅਤੇ ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ ਪੱਤਰ ਨ: 002/ਆਰ.ਟੀ.ਆਈ. ਮਿਤੀ 04-01-2020 ਨੂੰ ਘੋਖਿਆ ਗਿਆ। ਕਮਿਸ਼ਨ ਦੇ ਆਦੇਸ਼ਾਂ ਦੀ ਪਾਲਣਾ ਕਰਦੇ ਹੋਏ ਉੱਤਰਦਾਤਾ ਵਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਦਸਤਾਵੇਜ਼ ਸਰਟੀਫਾਈ ਕਰਦੇ ਹੋਏ ਅਪੀਲਕਰਤਾ ਨੂੰ ਦੇ ਦਿੱਤੇ ਗਏ। ਪਰ ਅਪੀਲਕਰਤਾ ਵਲੋਂ ਦਸਿਆ ਗਿਆ ਕਿ ਉਸਨੂੰ ਮਿਸਲ ਵਿਚ ਉਪਲਭਧ ਇਕ ਪੰਨਾ ਮੁਹੱਈਆ ਨਹੀਂ ਕਰਵਾਇਆ ਗਿਆ ਜੋ ਮਿਸ ਹੈ ਜਿਸ ਕਰਕੇ ਕੰਟੀਨਿਊਟੀ ਨਹੀਂ ਬਣਦੀ। ਉੱਤਰਦਾਤਾ ਵਲੋਂ ਦਸਿਆ ਗਿਆ ਅਪੀਲਕਰਤਾ ਨੂੰ ਪਹਿਲਾਂ ਪੱਤਰ ਮਿਤੀ 30-08-2019 ਰਾਹੀਂ ਸੂਚਨਾ/ਦਸਤਾਵੇਜ਼ ਮੁਹੱਈਆ ਕਰਵਾ ਦਿੱਤੇ ਗਏ ਸਨ ਅਤੇ ਅਪੀਲਕਰਤਾ ਵਲੋਂ ਕਮਿਸ਼ਨ ਪਾਸ ਦਾਇਰ ਦੂਜੀ ਅਪੀਲ ਮਿਤੀ 09-09-2019 ਵਿਚ 06 ਨੁਕਤੇ ਉਠਾਏ ਗਏ ਸਨ, ਜਿਸ ਸਬੰਧੀ ਉਕਤ ਪੱਤਰ ਮਿਤੀ 04-01-2020 ਰਾਹੀਂ ਪੈਰਾ ਵਾਰ ਉੱਤਰ ਦੇ ਦਿੱਤਾ ਗਿਆ ਜਿਸ ਦੇ ਪੈਰਾ 06 ਵਿਚ ਸਪਸਟ ਕੀਤਾ ਗਿਆ ਕਿ ਜਿਸ ਦਸਤਾਵੇਜ਼ ਦੀ ਮੰਗ ਅਪੀਲਕਰਤਾ ਵਲੋਂ ਕੀਤੀ ਜਾ ਰਹੀ ਹੈ ਉਸਦਾ ਇਸ ਕੇਸ ਫਾਇਲ ਨਾਲ ਸਬੰਧ ਨਹੀਂ ਹੈ, ਕਿਉਂਜੋ ਇਹ ਨਾ ਤਾਂ ਸੰਸਥਾ ਦੇ ਕਿਸੇ ਸਮਰਥ ਕਰਮਚਾਰੀ ਵਲੋਂ ਤਿਆਰ ਕੀਤਾ ਗਿਆ ਹੈ ਨਾ ਹੀ ਕਿਸੇ ਸਮਰਥ ਪ੍ਰਵਾਨਤ ਅਧਿਕਾਰੀ ਦੁਆਰਾ ਅਪਰੂਵ/ਸੈਗਸ਼ਨ ਕੀਤਾ ਗਿਆ ਹੈ, ਇਸ ਲਈ ਅਜਿਹਾ ਦਸਤਾਵੇਜ਼ ਨਹੀਂ ਦਿੱਤਾ ਜਾ ਸਕਦਾ। ਅਪੀਲਕਰਤਾ ਦੀ ਮੰਗ ਤੇ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਉਹ ਹਲਫਿਆ ਬਿਆਨ ਪੇਸ਼ ਕਰਨ ਕਿ ਜੋ ਜਾਣਕਾਰੀ ਦਿੱਤੀ ਗਈ ਹੈ ਉਹ ਸਹੀ ਹੈ ਅਤੇ ਉਨ੍ਹਾਂ ਵਲੋਂ ਕੋਈ ਜਾਣਕਾਰੀ ਛੁਪਾਈ ਨਹੀਂ ਗਈ ਅਤੇ ਜੋ ਦਸਤਾਵੇਜ਼ ਅਪੀਲਕਰਤਾ ਵਲੋਂ ਮੰਗਿਆ ਗਿਆ ਹੈ ਉਹ ਇਸ ਫਾਇਲ ਨਾਲ ਸਬੰਧਤ ਨਹੀਂ ਹੈ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 21-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 06 ਜਨਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਦਿਲਬਾਗ ਚੰਦ (ਨੈਬ ਸੂਬੇਦਾਰ ਰਿਟਾ:) 9463262669
ਪਿੰਡ ਹਿਆਇਤਪੁਰ ਡਾਕਖਾਨਾ ਹੈਬੋਵਾਲ,
ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ। ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਵਿਜੀਲੈਂਸ ਬਿਊਰੋ (ਹੈਡਕੁਆਰਟਰ) ਪੰਜਾਬ, ਮੋਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਵਿਜੀਲੈਂਸ ਬਿਊਰੋ , ਪੰਜਾਬ ਮੋਹਾਲੀ। ----ਉੱਤਰਦਾਤਾ

**ਅਪੀਲ ਕੇਸ ਨੰ:3790 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਸ੍ਰੀ ਦਿਲਬਾਗ ਚੰਦ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਮੇਸ਼ ਕੁਮਾਰ, ਐਸ.ਆਈ. ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-07-2019 , ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਵਿਜੀਲੈਂਸ ਬਿਊਰੋ (ਹੈਡਕੁਆਰਟਰ) ਪੰਜਾਬ ਮੋਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਉਸ ਵਲੋਂ ਦਿੱਤੀ ਦਰਖਾਸਤ ਤੇ ਕੀਤੀ ਗਈ ਕਾਰਵਾਈ ਦੀ ਅਟੈਸਟਡ ਕਾਪੀ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮਲਤੱਵੀ ਕਰਕੇ ਮਿਤੀ 06-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਸ੍ਰੀ ਦਿਲਬਾਗ ਚੰਦ ਅੱਜ ਪੇਸ਼ੀ ਤੇ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸ ਨੂੰ ਅਜੇ ਤੱਕ ਸਹੀ ਸੂਚਨਾ ਮੁਹੱਈਆਂ ਨਹੀਂ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਮੇਸ਼ ਕੁਮਾਰ, ਐਸ.ਆਈ. ਅੱਜ ਪੇਸ਼ੀ ਤੇ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਮੰਗੀ ਗਈ ਜਾਣਕਾਰੀ ਪਹਿਲਾਂ ਹੀ ਪੱਤਰ ਨੰ: 39917/ਵਬ/ਐਸ-14, ਮਿਤੀ 26-08-2019 ਰਾਹੀਂ ਦਿੱਤੀ ਜਾ ਚੁੱਕੀ ਹੈ। ਇਸ ਸਬੰਧ ਵਿਚ ਪੱਤਰ ਨੰ: 51197/ਵਬ/ਐਸ-14 ਮਿਤੀ 20-11-2019 ਪੇਸ਼ ਕੀਤਾ ਗਿਆ ਜ਼ੋ ਕਿ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਅਪੀਲਕਰਤਾ ਨੂੰ ਉਤਾਰਾ ਕੀਤਾ ਗਿਆ ਹੈ। ਪਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਦੋਨਾਂ ਧਿਰਾਂ ਵਲੋਂ ਦਿੱਤੀਆਂ ਗਈਆਂ ਦਲੀਲਾਂ ਦੇ ਨਾਲ ਨਾਲ ਉੱਤਰਦਾਤਾ ਦੇ ਨੁਮਾਇੰਦੇ ਵਲੋਂ ਪੇਸ਼ ਕੀਤਾ ਗਿਆ ਪੱਤਰ ਘੋਖਣ ਤੇ ਪਾਇਆ ਗਿਆ ਕਿ ਅਪੀਲਕਰਤਾ ਵਲੋਂ ਮਿਤੀ 22-07-2019 ਨੂੰ ਵਿਜੀਲੈਂਸ ਬਿਊਰੋ ਪੰਜਾਬ ਨੂੰ ਦਿੱਤੀ ਗਈ ਦਰਖਾਸਤ ਤੇ ਸ਼ਿਕਾਇਤ ਨੰਬਰ 305/19 ਲੁਧਿਆਣਾ ਦੇ ਸਬੰਧ ਵਿਚ ਸੂਚਨਾ ਦੀ ਮੰਗ ਕੀਤੀ ਗਈ ਸੀ। ਅਪੀਲਕਰਤਾ ਦਫਤਰ ਵਲੋਂ ਆਪਣੇ ਉਕਤ ਪੱਤਰ ਮਿਤੀ 26-08-2019 ਰਾਹੀਂ ਲਿਖਿਆ ਗਿਆ ਸੀ ਕਿ ਸ਼ਿਕਾਇਤ ਨੰ: 305/19 ਲੁਧਿਆਣਾ ਨੂੰ ਵਿਚਾਰਨ ਉਪਰੰਤ ਮੂਲ ਰੂਪ ਵਿਚ ਵਿੱਤੀ ਕਮਿਸ਼ਨਰ, ਪੰਜਾਬ ਸਰਕਾਰ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਮੋਹਾਲੀ ਨੂੰ ਪੱਤਰ ਨੰਬਰ 34224/ਵਬ/ਐਸ-12 ਮਿਤੀ 19-07-2019 ਰਾਹੀ਼ ਯੋਕ ਕਾਰਵਾਈ ਕਰਨ ਲਈ ਭੇਜ਼ ਦਿੱਤਾ ਗਿਆ ਸੀ ਅਤੇ ਸੂਚਿਤ ਕੀਤਾ ਗਿਆ ਸੀ ਕਿ ਇਸ ਸ਼ਿਕਾਇਤ ਸਬੰਧੀ ਵਿਜੀਲੈਂਸ ਬਿਊਰੋ ਵਲੋਂ ਕੋਈ ਪੜਤਾਲ ਨਹੀਂ ਕੀਤੀ ਗਈ। ਕਮਿਸ਼ਨ ਦੇ ਹੁਕੱਮ ਤੇ ਉੱਤਰਦਾਤਾ ਵਲੋਂ ਲਿਆਂਦੀ ਗਈ ਸੂਚਨਾ ਪੱਤਰ ਨੰ: 51197/ਵਬ/ਐਸ-14 ਮਿਤੀ 20-11-2019 (ਜਿਸਦਾ ਉਤਾਰਾ ਅਪੀਲਕਰਤਾ ਨੂੰ ਵੀ ਕੀਤਾ ਗਿਆ ਸੀ) ਸਹਿ ਪੱਤਰਾਂ ਸਹਿਤ ਅਪੀਲਕਰਤਾ ਨੂੰ ਪੇਸ਼ੀ ਦੋਰਾਨ ਦੇ ਦਿੱਤੀ ਗਈ । ਇਸ ਤਰ੍ਹਾਂ ਕਮਿਸ਼ਨ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਤੋ ਸੰਤੁਸ਼ਟ ਹੈ, ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 06 ਜਨਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਭੁਪਿੰਦਰ ਪੁੰਜ਼, 9915235055
ਪਿੰਡ ਲੁਥਰਾ, ਜਿਲਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ:3774 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਭੁਪਿੰਦਰ ਪੁੰਜ਼।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਵਿੰਦਰ ਸਿੰਘ, ਡਾਟਾ ਐਂਟਰੀ ਓਪਰੇਟਰ (7837474849) ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-06-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਿਰੋਜ਼ਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਟਰੱਕਾਂ ਦੇ ਵਜ਼ਨ ਨਾਲ ਸਬੰਧਤ 09 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮਲਤਵੀ ਕਰਕੇ ਮਿਤੀ 06-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਭੁਪਿੰਦਰ ਪੁੰਜ਼ ਅੱਜ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅੱਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਵਿੰਦਰ ਸਿੰਘ, ਡਾਟਾ ਐਂਟਰੀ ਓਪਰੇਟਰ ਹਾਜਰ ਹੋਇਆ, ਉਸ ਵਲੋਂ ਪੱਤਰ ਨੰ: ਆਰ.ਟੀ.ਏ./ਫਿਰੋਜ਼ਪੁਰ/1431 ਮਿਤੀ 28-11-2019 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਉਤਾਰਾ ਅਪੀਲਕਰਤਾ ਨੂੰ ਕੀਤਾ ਗਿਆ ਹੈ ਪੇਸ਼ ਕੀਤਾ ਗਿਆ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਦੋਨਾਂ ਧਿਰਾਂ ਵਲੋਂ ਪੇਸ਼ ਕੀਤੀਆਂ ਗਈਆਂ ਦਲੀਲਾਂ ਅਤੇ ਉੱਤਰਦਾਤਾ ਦੇ ਨੁਮਾਇੰਦੇ ਵਲੋ ਪੇਸ਼ ਕੀਤੇ ਗਏ ਉਕੱਤ ਪੱਤਰ ਮਿਤੀ 28-11-2019 ਨੂੰ ਘੋਖਣ ਤੇ ਪਾਇਆ ਗਿਆ ਕਿ ਅਪੀਲਕਰਤਾ ਨੂੰ ਪੱਤਰ ਨੰ: ਆਰ.ਟੀ.ਏ./ਫਿਰੋਜ਼ਪੁਰ/664 ਮਿਤੀ 16-07-2019 ਰਾਹੀਂ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਸੀ। ਪਰ ਅਪੀਲਕਰਤਾ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ, ਉੱਤਰਦਾਤਾ ਵਲੋਂ ਲਿਆਂਦੀ ਗਈ ਸੂਚਨਾ ਜਿਸਦਾ ਇਕ ਉਤਾਰਾ ਅਪੀਲਕਰਤਾ ਨੂੰ ਕੀਤਾ ਗਿਆ ਸੀ ਕਮਿਸ਼ਨ ਦੇ ਸਾਹਮਣੇ ਪੇਸੀ ਦੋਰਾਨ ਅਪੀਲਕਰਤਾ ਨੂੰ ਦੇ ਦਿੱਤੀ ਗਈ ਹੈ। ਇਸ ਤਰ੍ਹਾਂ ਕਮਿਸ਼ਨ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਤੋ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ, **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 06 ਜਨਵਰੀ, 2020.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਭੁਪਿੰਦਰ ਪੁੰਜ਼, 9915235055
ਪਿੰਡ ਲੁਥਰਾ, ਜਿਲਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ। --------ਉੱਤਰਦਾਤਾ

ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ।

**ਅਪੀਲ ਕੇਸ ਨੰ:3775 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਭੁਪਿੰਦਰ ਪੁੰਜ਼।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-03-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਟਰੱਕਾਂ ਦੇ ਵਜ਼ਨ ਨਾਲ ਸਬੰਧਤ 09 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮਲਤੱਵੀ ਕਰਕੇ ਮਿਤੀ 06-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਭੁਪਿੰਦਰ ਪੁੰਜ਼ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀ਼ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ ਵਲੋਂ ਅੱਜ ਪੇਸ਼ੀ ਤੇ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਗਈ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 28-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 06 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**